# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-03-2024**

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੂਬੇ ਲਈ ਲੋਕ ਸਭਾ ਚੋਣਾਂ 2024 ਦਾ ਚੋਣ ਪ੍ਰੋਗਰਾਮ ਜਾਰੀ ਕਰਦਿਆਂ ਅਧਿਕਾਰਿਆਂ ਨੂੰ ਆਦਰਸ਼ ਚੋਣ ਜਾਬਤਾ ਇਨ ਬਿਨ ਲਾਗੂ ਕਰਵਾਉਣ ਲਈ ਆਖਿਆ।
- ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਅਨੁਸਾਰ ਸਰਹੱਦੀ ਸੂਬੇ ਵਿੱਚ ਪੰਜਾਬ ਪੁਲਿਸ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ।
- ਭਾਰਤ ਚੋਣ ਕਮਿਸ਼ਨ ਵਲੋਂ ਤਿਆਰ ਸੀ-ਵਿਜ਼ਲ ਐਪ ਰਾਹੀਂ ਆਮ ਲੋਕ ਵੋਟਿੰਗ ਪ੍ਰਕਿਰਿਆ ਜਾਂ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ

ਕਿਸੇ ਕਿਸਮ ਦੀ ਸ਼ਿਕਾਇਤ ਬਾਰੇ ਫ਼ੋਟੋ/ਵੀਡੀਓ ਸਿੱਧੇ ਤੌਰ ਤੇ ਕਮਿਸ਼ਨ ਪਾਸ ਭੇਜਣ ਦੇ ਸਮਰੱਥ ਹੋਣਗੇ।

- ਹੁਸ਼ਿਆਰਪੁਰ ਜ਼ਿਲ੍ਹੇ ਵਿਚ ਮੁਕੇਰੀਆਂ ਦੇ ਮਨਸੂਰਪੁਰ ਵਿਖੇ ਛਾਪੇਮਾਰੀ ਕਰਨ ਗਈ ਪੁਲਿਸ ਟੀਮ 'ਤੇ ਗੋਲੀਬਾਰੀ ਦੌਰਾਨ CIA ਸਟਾਫ਼ ਦੇ ਇੱਕ ਕਾਂਸਟੇਬਲ ਦੀ ਮੌਤ।

---------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ.ਨੇ ਸੂਬੇ ਲਈ ਲੋਕ ਸਭਾ ਚੋਣਾਂ 2024 ਦਾ ਚੋਣ ਪ੍ਰੋਗਰਾਮ ਜਾਰੀ ਕਰ ਦਿੱਤਾ ਏ। ਚੰਡੀਗੜ੍ਹ ਵਿਚ ਇਸ ਸਬੰਧੀ ਅਹਿਮ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਚੋਣਾਂ ਲਈ ਗਜ਼ਟ ਨੋਟੀਫਿਕੇਸ਼ਨ 7 ਮਈ ਨੂੰ ਜਾਰੀ ਕੀਤਾ ਜਾਣਾ ਤੈਅ ਹੋਇਆ ਏ। ਨਾਮਜ਼ਦਗੀਆਂ ਲਈ ਅੰਤਿਮ ਮਿਤੀ 14 ਮਈ ਨਿਰਧਾਰਤ ਕੀਤੀ ਗਈ ਏ ਜਦਕਿ ਨਾਮਜ਼ਦਗੀਆਂ ਦੀ ਪੜਤਾਲ 15 ਮਈ ਨੂੰ ਹੋਵੇਗੀ । ਉਮੀਦਵਾਰ 17 ਮਈ ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਨੇ। ਪਹਿਲੀ ਜੂਨ ਨੂੰ ਵੋਟਾਂ ਪੈਣਗੀਆਂ ਜਦਕਿ ਪੰਜਾਬ ਸਮੇਤ ਪੂਰੇ ਦੇਸ਼ ਵਿੱਚ 4 ਜੂਨ ਨੂੰ ਵੋਟਾਂ ਦੀ ਗਿਣਤੀ ਕੀਤੀ ਜਾਵੇਗੀ। ਸਿਬਿਨ ਸੀ ਨੇ

ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਬੀਤੇ ਕਲ ਚੋਣ ਪ੍ਰੋਗਰਾਮ ਐਲਾਨੇ ਜਾਣ ਤੋਂ ਬਾਅਦ ਪੰਜਾਬ ਵਿੱਚ ਆਦਰਸ਼ ਚੋਣ ਜ਼ਾਬਤਾ ਐਮ.ਸੀ.ਸੀ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ ਏ। ਇਹ ਆਦਰਸ਼ ਚੋਣ ਜਾਬਤਾ ਸਾਰੇ ਉਮੀਦਵਾਰਾਂ, ਸਿਆਸੀ ਪਾਰਟੀਆਂ, ਰਾਜ ਸਰਕਾਰ ਦੇ ਨਾਲ-ਨਾਲ ਕੇਂਦਰ ਸਰਕਾਰ 'ਤੇ ਵੀ ਲਾਗੂ ਹੋਵੇਗਾ। ਉਨ੍ਹਾਂ ਦੱਸਿਆ ਕਿ ਚੋਣ ਜਾਬਤੇ ਸਬੰਧੀ ਮੈਨੂਅਲ ਦੀ ਕਾਪੀ ਭਾਰਤੀ ਚੋਣ ਕਮਿਸ਼ਨ ਦੇ ਵੈੱਬਸਾਈਟ ਤੋਂ ਡਾਊਨਲੋਡ ਕੀਤੀ ਜਾ ਸਕਦੀ ਏ। ਮੁੱਖ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁੱਖ ਸਕੱਤਰ ਰਾਹੀਂ ਮੁੱਖ ਮੰਤਰੀ, ਸਾਰੇ ਮੰਤਰੀਆਂ, ਸਪੀਕਰ, ਡਿਪਟੀ ਸਪੀਕਰ, ਸਾਰੇ ਵਧੀਕ ਮੁੱਖ ਸਕੱਤਰਾਂ, ਵਿੱਤ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ, ਸਕੱਤਰਾਂ, ਸਾਰੇ ਵਿਭਾਗਾਂ ਦੇ ਮੁਖੀਆਂ, ਪੰਜਾਬ ਦੇ ਸਾਰੇ ਬੋਰਡਾਂ, ਕਾਰਪੋਰੇਸ਼ਨਾਂ ਤੇ ਅਥਾਰਟੀਆਂ ਦੇ ਚੇਅਰਮੈਨਾਂ ਅਤੇ ਮੈਨੇਜਿੰਗ ਡਾਇਰੈਕਟਰਾਂ ਨੂੰ ਭੇਜ ਦਿੱਤੀਆਂ ਗਈਆਂ ਨੇ ਤਾਂ ਜੋ ਇਨ੍ਹਾਂ ਦੀ ਇੰਨ- ਬਿੰਨ ਤੇ ਸਖਤੀ ਨਾਲ ਪਾਲਣਾ ਕੀਤੀ ਜਾ ਸਕੇ।

---

ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਕਿਹਾ ਏ ਕਿ ਸਰਹੱਦੀ ਸੂਬੇ ਵਿੱਚ ਪੰਜਾਬ ਪੁਲਿਸ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ। ਵਿਸ਼ੇਸ਼ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਦੇ ਨਾਲ ਡੀ ਜੀ ਪੀ ਨੇ ਅੱਜ ਚੰਡੀਗੜ੍ਹ ਤੋਂ ਸੂਬੇ ਦੇ ਸਾਰੇ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ ਅਤੇ ਜਰੂਰੀ ਹਦਾਇਤਾਂ ਦਿੱਤੀਆਂ। **ਇੱਕ ਰਿਪੋਰਟ:**

***ਡਿਸਪੈਚ: ਰਾਜ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਏ ਅਤੇ ਫੀਲਡ ਅਫਸਰਾਂ ਨੂੰ ਪੁਲਿਸ ਬਲ ਦਾ ਆਡਿਟ ਕਰਨ ਲਈ ਕਿਹਾ ਗਿਆ ਏ। ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਸੀ ਏ ਪੀ ਐਫ ਦੀਆਂ 25 ਕੰਪਨੀਆਂ ਵੱਖ ਵੱਖ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੀਆਂ ਗਈਆਂ ਨੇ ਤਾਂ ਜੋ ਆਮ ਲੋਕਾਂ ਵਿੱਚ ਵਿਸ਼ਵਾਸ ਪੈਦਾ ਕੀਤਾ ਜਾ ਸਕੇ ਅਤੇ ਨਾਲ ਹੀ ਰਾਜ ਵਿੱਚ ਸੰਵੇਦਨਸ਼ੀਲ ਤੇ ਅਤਿ-ਸੰਵੇਦਨਸ਼ੀਲ ਖੇਤਰਾਂ ਵਿੱਚ ਨਜ਼ਰ ਰੱਖੀ ਜਾ ਸਕੇ। ਇਨ੍ਹਾਂ 25 ਕੰਪਨੀਆਂ ਵਿੱਚ***

*ਸੀਮਾ ਸੁਰੱਖਿਆ ਬਲ ਬੀ ਐਸ ਐਫ ਦੀਆਂ 15 ਕੰਪਨੀਆਂ ਅਤੇ ਕੇਂਦਰੀ ਰਿਜ਼ਰਵ ਪੁਲਿਸ ਬਲ ਸੀ ਆਰ ਪੀ ਐਫ ਤੇ ਇੰਡੋ-ਤਿੱਬਤੀਅਨ ਬਾਰਡਰ ਪੁਲਿਸ ਆਈ ਟੀ ਬੀ ਪੀ ਦੀਆਂ ਪੰਜ ਪੰਜ ਕੰਪਨੀਆਂ ਸ਼ਾਮਲ ਨੇ। ਸਮਾਜ ਵਿਰੋਧੀ ਅਨਸਰਾਂ, ਅਪਰਾਧੀਆਂ ਅਤੇ ਨਸ਼ਾ ਤਸਕਰਾਂ ਦੀ ਆਵਾਜਾਈ ਰੋਕਣ ਲਈ ਅੰਤਰ-ਰਾਜੀ ਸਰਹੱਦਾਂ 'ਤੇ ਚੈਕਿੰਗ ਤੇਜ਼ ਕਰ ਦਿੱਤੀ ਗਈ ਏ। ਸਾਰੇ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨੂੰ ਪਹਿਲਾਂ ਹੀ ਆਸ-ਪਾਸ ਚੌਕਸੀ ਰੱਖਣ ਅਤੇ ਵਿਸ਼ਵਾਸ ਪੈਦਾ ਕਰਨ ਲਈ ਆਪਣੇ ਅਧਿਕਾਰ ਖੇਤਰਾਂ ਵਿੱਚ ਫਲੈਗ ਮਾਰਚ ਕਰਨ ਲਈ ਕਿਹਾ ਗਿਆ ਏ। ਭਗੌੜੇ ਅਪਰਾਧੀਆਂ ਤੇ ਪੈਰੋਲ ਜੰਪਰਾਂ ਨੂੰ ਗ੍ਰਿਫਤਾਰ ਕਰਨ ਅਤੇ ਗੈਰ-ਜ਼ਮਾਨਤੀ ਵਾਰੰਟਾਂ ਨੂੰ ਲਾਗੂ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਏ। ਐਸਐਸਪੀਜ਼ ਤੇ ਸੀਪੀਜ਼ ਨੂੰ ਨਾਜਾਇਜ਼ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਵਿੱਚ ਸ਼ਾਮਲ ਲੋਕਾਂ 'ਤੇ ਨਿਗਰਾਨੀ ਯਕੀਨੀ ਬਣਾਉਣ ਅਤੇ ਆਮ ਲੋਕਾਂ ਵਿੱਚ ਭਰੋਸਾ ਪੈਦਾ ਕਰਨ ਲਈ ਆਪਣੇ ਅਧਿਕਾਰ ਖੇਤਰਾਂ*

*ਵਿੱਚ ਫਲੈਗ ਮਾਰਚ ਕਰਨ ਲਈ ਕਿਹਾ ਗਿਆ ਏ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-----------------------------------------------------------------

ਭਾਰਤ ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ, 2024 ਦੇ ਮੱਦੇਨਜ਼ਰ ਸੀ-ਵਿਜ਼ਲ ਐਪ ਤਿਆਰ ਕੀਤੀ ਗਈ ਏ, ਜਿਸ ਰਾਹੀਂ ਲੋਕ ਸਭਾ ਚੋਣਾਂ ਵਿਚ ਵੋਟਿੰਗ ਪ੍ਰਕਿਰਿਆ ਜਾਂ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਕਿਸੇ ਕਿਸਮ ਦੀ ਸ਼ਿਕਾਇਤ ਬਾਰੇ ਫ਼ੋਟੋ/ਵੀਡੀਓ ਸਿੱਧੇ ਤੌਰ ਤੇ ਕਮਿਸ਼ਨ ਪਾਸ ਭੇਜਣ ਦੇ ਸਮਰੱਥ ਹੋਣਗੇ। ਸੀ-ਵਿਜ਼ਲ ਐਪ ਤੇ ਪ੍ਰਾਪਤ ਹੁੰਦੀ ਸ਼ਿਕਾਇਤ ਤੇ 100 ਮਿੰਟ ਦੇ ਅੰਦਰ-ਅੰਦਰ ਹੀ ਕਾਰਵਾਈ ਕੀਤੀ ਜਾਵੇਗੀ ਅਤੇ ਸਬੰਧਿਤ ਸ਼ਿਕਾਇਤਕਰਤਾ ਨੂੰ ਸੂਚਿਤ ਵੀ ਕੀਤਾ ਜਾਵੇਗਾ । ਚੋਣ ਕਮਿਸ਼ਨ ਨੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਆਪਣੇ ਫ਼ੋਨ ਵਿਚ ਸੀ-ਵਿਜ਼ਲ ਐਪ ਡਾਊਨਲੋਡ ਕਰਨ ਅਤੇ ਕਿਸੇ ਵੀ ਤਰਾਂ ਦੀ ਚੋਣ ਜ਼ਾਬਤੇ ਦੀ ਉਲੰਘਣਾ ਦੀ ਸ਼ਿਕਾਇਤ ਇਸ ਐਪ ਰਾਹੀਂ ਕਰ ਸਕਦੇ ਨੇ। ਇਸ ਐਪ ’ਤੇ ਸ਼ਰਾਰਤੀ ਅਨਸਰਾਂ ਸਮੇਤ ਵੋਟਾਂ ਖ਼ਰੀਦਣ ਲਈ ਸ਼ਰਾਬ, ਨਸ਼ੇ ਤੇ ਪੈਸੇ ਵੰਡਣ ਵਾਲਿਆਂ ਦੀ ਸ਼ਿਕਾਇਤ ਵੀ ਕੀਤੀ ਜਾ ਸਕਦੀ ਏ।

ਇਸ ਤੋਂ ਇਲਾਵਾ ਜ਼ਿਲ੍ਹਾ ਵੋਟਰ ਹੈਲਪ ਲਾਈਨ ਨੰਬਰ 1950 ਉੱਤੇ ਵੀ ਸ਼ਿਕਾਇਤ ਜਾਂ ਵੋਟਾਂ ਸਬੰਧੀ ਸਹਾਇਤਾ ਲਈ ਸੰਪਰਕ ਕੀਤਾ ਜਾ ਸਕਦਾ ਏ । ਸੀ-ਵਿਜ਼ਲ ਐਪ ਲੋਕ ਸਭਾ ਚੋਣਾਂ 2024 ਦੇ ਐਲਾਨ ਹੋਣ ’ਤੇ ਤੁਰੰਤ ਐਕਟੀਵੇਟ ਹੋ ਗਈ ਏ ।

---

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਸੁਵਿਧਾ ਆਨਲਾਈਨ ਪੋਰਟਲ ਰਾਹੀਂ ਵੱਖ-ਵੱਖ ਪ੍ਰਵਾਨਗੀਆਂ ਲਈ ਅਰਜ਼ੀ ਦੇਣ ਦੇ ਨਿਰਦੇਸ਼ ਦਿੱਤੇ ਨੇ । ਇਹ ਪੋਰਟਲ ਮੀਟਿੰਗਾਂ, ਰੈਲੀਆਂ, ਵਾਹਨਾਂ, ਲਾਊਡਸਪੀਕਰਾਂ ਅਤੇ ਹੋਰ ਵੱਖ-ਵੱਖ ਕਿਸਮ ਦੀਆਂ ਪ੍ਰਵਾਨਗੀਆਂ ਲਈ ਢੁੱਕਵਾਂ ਹੱਲ ਏ । ਉਨਾਂ ਦੱਸਿਆ ਕਿ ਸੁਵਿਧਾ ਪੋਰਟਲ ਚੋਣ ਅਧਿਕਾਰੀਆਂ ਤੋਂ ਮਨਜ਼ੂਰੀ ਲੈਣ ਲਈ ਸਿੰਗਲ ਵਿੰਡੋ ਕਲੀਅਰੈਂਸ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਆਸੀ ਪਾਰਟੀਆਂ ਨੂੰ ਆਪਸੀ ਨਫ਼ਰਤ ਫੈਲਾਉਣ ਵਾਲੀ ਕਿਸੇ ਵੀ ਮੁਹਿੰਮ ਤੋਂ ਗੁਰੇਜ਼ ਕਰਨਾ ਚਾਹੀਦਾ ਏ । ਇਸ ਤੋਂ ਇਲਾਵਾ ਪ੍ਰਚਾਰ ਲਈ ਕਿਸੇ ਵੀ ਧਾਰਮਿਕ ਸਥਾਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ । ਸਿਆਸੀ

ਰੈਲੀਆਂ ਤੇ ਜਲੂਸਾਂ ਦੇ ਸਥਾਨ ਅਤੇ ਸਮੇਂ ਦੀ ਪਹਿਲਾਂ ਤੋਂ ਹੀ ਜਾਣਕਾਰੀ ਮੁਹੱਈਆ ਕਰਵਾਉਣੀ ਚਾਹੀਦੀ ਏ ਤਾਂ ਜੋ ਕਿਸੇ ਵੀ ਗੜਬੜੀ ਤੋਂ ਬਚਿਆ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਤੇ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਪ੍ਰਸ਼ਾਸਨ ਵਚਨਬੱਧ ਏ। ਉਨ੍ਹਾਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਜ਼ਾਦ, ਨਿਰਪੱਖ ਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਆਪਣਾ ਸਹਿਯੋਗ ਦੇਣ।

-----------------------------------------------------------

ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਫ਼ਸਰ ਸੰਦੀਪ ਕੁਮਾਰ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਦੱਸਿਆ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਵਿੱਚ ਕੁੱਲ 1974 ਪੋਲਿੰਗ ਸਟੇਸ਼ਨ ਬਣਾਏ ਗਏ ਨੇ ਅਤੇ ਪ੍ਰਸ਼ਾਸਨ ਵੱਲੋਂ ਤਰਨ ਤਾਰਨ ਵਿਖੇ 24 ਘੰਟੇ ਚੱਲਣ ਵਾਲਾ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ।

-----------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਵਿਚ ਮੁਕੇਰੀਆ ਦੇ ਮਨਸੂਰਪੁਰ ਵਿਖੇ ਛਾਪੇਮਾਰੀ

ਕਰਨ ਗਈ ਪੁਲਿਸ ਟੀਮ 'ਤੇ ਗੋਲੀਬਾਰੀ ਹੋਈ। ਜਿਸ ਵਿੱਚ ਸੀ ਆਈ ਏ ਸਟਾਫ਼ ਦੇ ਇੱਕ ਜਵਾਨ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਸੀਨੀਅਰ ਕਾਂਸਟੇਬਲ ਅੰਮ੍ਰਿਤਪਾਲ ਸਿੰਘ ਵਜੋਂ ਹੋਈ ਏ। ਜਾਣਕਾਰੀ ਮੁਤਾਬਕ ਸੀ.ਆਈ.ਏ ਟੀਮ ਨੂੰ ਰਾਣਾ ਮਨਸੂਰਪੁਰ ਵਿਖੇ ਇਕ ਗੈਂਗਸਟਰ ਸੁਖਵਿੰਦਰ ਸਿੰਘ ਉਰਫ ਰਾਣਾ ਕੋਲ ਨਾਜਾਇਜ਼ ਹਥਿਆਰ ਹੋਣ ਦੀ ਸੂਚਨਾ ਮਿਲੀ ਜਿਸ ਤੋਂ ਬਾਅਦ ਜਦੋਂ ਟੀਮ ਮੁਕੇਰੀਆਂ ਪਹੁੰਚੀ ਤਾਂ ਦੋਸ਼ੀਆਂ ਨੇ ਗੋਲੀਆਂ ਚਲਾ ਦਿੱਤੀਆਂ। ਇਸ ਦੇ ਜਵਾਬ ਵਿੱਚ ਪੁਲਿਸ ਵੱਲੋਂ ਵੀ ਗੋਲੀਬਾਰੀ ਕੀਤੀ ਗਈ। ਇਸ ਦੌਰਾਨ ਇੱਕ ਗੋਲੀ ਸੀ ਆਈ ਏ ਦੇ ਮੁਲਾਜ਼ਮ ਨੂੰ ਲੱਗੀ ਅਤੇ ਉਸ ਨੂੰ ਤੁਰੰਤ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਪੰਜਾਬ ਪੁਲਿਸ ਦੇ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਡੀਐਸਪੀ ਵਿਪਨ ਕੁਮਾਰ ਨੇ ਦੱਸਿਆ ਕਿ ਪੁਲਿਸ ਦੀ ਜਵਾਬੀ ਕਾਰਵਾਈ ਵਿੱਚ ਗੈਂਗਸਟਰ ਸੁਖਵਿੰਦਰ ਸਿੰਘ ਜ਼ਖ਼ਮੀ ਹੋ ਗਿਆ ਅਤੇ ਵਾਰਦਾਤ ਵਾਲੀ ਥਾਂ 'ਤੇ ਹਥਿਆਰ ਸੁੱਟ ਕੇ ਫਰਾਰ ਹੋ ਗਿਆ। ਉਸ ਦੀ ਭਾਲ ਲਈ ਪੂਰੇ ਇਲਾਕੇ ਨੂੰ ਸੀਲ ਕਰ

ਦਿੱਤਾ ਗਿਆ ਏ। ਵਾਰਦਾਤ ਵਾਲੀ ਥਾਂ ਦੇ ਆਲੇ-ਦੁਆਲੇ ਘਰਾਂ ਅਤੇ ਖੇਤਾਂ ਦੀ ਤਲਾਸ਼ੀ ਲਈ ਜਾ ਰਹੀ ਏ।

---------------------------------------------------------------

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ 2 ਦਿਨਾਂ 'ਕੁਐਸਟ' ਦੀ ਰਾਸ਼ਟਰੀ ਵਰਕਸ਼ਾਪ ਕਾਰਵਾਈ ਗਈ। ਇਸ ਮੌਕੇ ਦੇਸ਼ ਭਰ ਤੋਂ ਅਨੇਕਾਂ ਉਘੇ ਭੌਤਿਕ ਵਿਗਿਆਨੀਆਂ ਨੇ ਇਸ ਵਿਚ ਸ਼ਿਰਕਤ ਕੀਤੀ। ਕੁਆਂਟਮ ਫਿਜਿਕਸ ਦੇ ਉਘੇ ਵਿਗਿਆਨੀਆਂ ਦੀ ਚੌਥੀ ਵਰਕਸ਼ਾਪ ਨੂੰ ਸੰਬੋਧਤ ਕਰਦੇ ਹੋਏ ਰਾਸ਼ਟਰੀ ਕਨਵੀਨਰ ਪ੍ਰੋ. ਅਰਵਿੰਦ ਨੇ ਦੱਸਿਆ ਕਿ ਕੁਆਂਟਮ ਕੰਪਿਊਟਰ ਜਲਦੀ ਬਣਨ ਦੀਆਂ ਸੰਭਾਵਨਾਵਾਂ ਪੈਦਾ ਹੋ ਗਈਆਂ ਨੇ। IISC ਬੰਗਲੌਰ ਤੋਂ ਪੁੱਜੇ ਪ੍ਰਸਿੱਧ ਵਿਗਿਆਨੀ ਪ੍ਰੋ. ਐੱਨ. ਮੁਕੁੰਦਾ ਨੇ ਕਿਹਾ ਕਿ ਭਾਰਤ ਵਿੱਚ ਹੁਣ ਇਸ ਦਿਸ਼ਾ ਵਿੱਚ ਉੱਚ ਪੱਧਰ ਦਾ ਕੰਮ ਹੋਣਾ ਚੰਗੀ ਗੱਲ ਏ।

---------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫ਼ੁੱਲ-ਟਾਈਮ

ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ । ਇਸ ਸੰਬੰਧੀ ਵੇਰਵਾ news on air. gov.in ਸਲੈਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।

---

ਖਰੜ ਮਾਰਕੀਟ ਦੇ ਸਹਿਯੋਗ ਨਾਲ ਖਰੜ ਪੱਤਰਕਾਰ ਸੰਘ ਦੇ ਦਫਤਰ ਵਿੱਚ ਕੱਲ ਲਗਾਏ ਗਏ ਇਕ ਖ਼ੂਨ ਦਾਨ ਕੈਂਪ ਵਿੱਚ 52 ਵਿਅਕਤੀਆਂ ਨੇ ਖ਼ੂਨਦਾਨ.ਕੀਤਾ । ਸੰਘ ਦੇ ਦਫ਼ਤਰੀ ਸਕੱਤਰ ਮਨੋਜ ਗਿਰਧਰ ਨੇ ਦਸਿਆ ਕਿ ਆਈ ਵੀ ਵਾਈ ਹਸਪਤਾਲ ਮੋਹਾਲੀ ਦੇ ਬਲੱਡ ਬੈਂਕ ਦੀ ਟੀਮ ਵੱਲੋਂ ਡਾ. ਸ਼ਵੇਤਾ ਕੂੰਡੂ ਦੀ ਅਗਵਾਈ ਵਿੱਚ ਡਾ.ਮਮੀਤ ਸ਼ਰਮਾ ਨੇ ਆਪਣੀ ਟੀਮ ਨਾਲ ਖ਼ੂਨਦਾਨੀਆਂ ਦਾ ਖ਼ੂਨ ਇਕੱਤਰ ਕੀਤਾ। ਡੀ ਐਸ ਪੀ ਖਰੜ-ਵਨ, ਕਰਨ ਸਿੰਘ ਸੰਧੂ ਨੇ ਮੁੱਖ ਮਹਿਮਾਨ ਵਜੋਂ ਇਸ ਕੈਂਪ ਦਾ ਉਦਘਾਟਨ ਕੀਤਾ। ਉਨਾਂ ਕਿਹਾ ਕਿ ਖ਼ੂਨਦਾਨ ਕਰਨਾ ਇੱਕ ਮਹਾਂਦਾਨ

ਏ ਜਿਸ ਨਾਲ ਕਿਸੇ ਵੀ ਵਿਅਕਤੀ ਦੀ ਜਾਨ ਬਚਾਈ ਜਾ ਸਕਦੀ ਏ, ਇਸ ਲਈ ਆਮ ਲੋਕਾਂ ਨੂੰ ਖ਼ੂਨਦਾਨ ਕੈਂਪਾਂ ਵਿੱਚ ਵੱਧ ਚੜ ਕੇ ਹਿੱਸਾ ਲੈਣਾ ਚਾਹੀਦਾ ਏ। ਨਗਰ ਕੌਂਸਲ ਖਰੜ ਦੀ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ ਨੇ ਖ਼ੂਨ ਦਾਨੀਆਂ ਦੀ ਹੌਸਲਾ ਅਫਜਾਈ ਕਰਦਿਆਂ ਵੱਧ ਚੜਕੇ ਖ਼ੂਨਦਾਨ ਕੈਂਪਾਂ ਵਿੱਚ ਹਿੱਸੇਦਾਰੀ ਪਾਉਣ ਲਈ ਉਨਾਂ ਦੀ ਸ਼ਲਾਘਾ ਕੀਤੀ।

---------------------------------------------------------------

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੂਬੇ ਲਈ ਲੋਕ ਸਭਾ ਚੋਣਾਂ 2024 ਦਾ ਚੋਣ ਪ੍ਰੋਗਰਾਮ ਜਾਰੀ ਕਰਦਿਆਂ ਅਧਿਕਾਰਿਆਂ ਨੂੰ ਆਦਰਸ਼ ਚੋਣ ਜਾਬਤਾ ਇਨ ਬਿਨ ਲਾਗੂ ਕਰਵਾਉਣ ਲਈ ਆਖਿਆ।
- ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਅਨੁਸਾਰ ਸਰਹੱਦੀ ਸੂਬੇ ਵਿੱਚ ਪੰਜਾਬ ਪੁਲਿਸ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ।

- ਭਾਰਤ ਚੋਣ ਕਮਿਸ਼ਨ ਵਲੋਂ ਤਿਆਰ ਸੀ-ਵਿਜ਼ਲ ਐਪ ਰਾਹੀਂ ਆਮ ਲੋਕ ਵੋਟਿੰਗ ਪ੍ਰਕਿਰਿਆ ਜਾਂ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਕਿਸੇ ਕਿਸਮ ਦੀ ਸ਼ਿਕਾਇਤ ਬਾਰੇ ਫ਼ੋਟੋ/ਵੀਡੀਓ ਸਿੱਧੇ ਤੌਰ ਤੇ ਕਮਿਸ਼ਨ ਪਾਸ ਭੇਜਣ ਦੇ ਸਮਰੱਥ ਹੋਣਗੇ।
- ਹੁਸ਼ਿਆਰਪੁਰ ਜ਼ਿਲ੍ਹੇ ਵਿਚ ਮੁਕੇਰੀਆ ਦੇ ਮਨਸੂਰਪੁਰ ਵਿਖੇ ਛਾਪੇਮਾਰੀ ਕਰਨ ਗਈ ਪੁਲਿਸ ਟੀਮ 'ਤੇ ਗੋਲੀਬਾਰੀ ਦੌਰਾਨ ਸੀ ਆਈ ਏ ਸਟਾਫ਼ ਦੇ ਇੱਕ ਕਾਂਸਟੇਬਲ ਦੀ ਮੌਤ।